**ਸਿਰੀਰਾਗੁ ਮਹਲਾ ੫ ॥ ਤਿਚਰੁ ਵਸਹਿ ਸੁਹੇਲੜੀ ਜਿਚਰੁ ਸਾਥੀ ਨਾਲਿ ॥ ਜਾ ਸਾਥੀ ਉਠੀ ਚਲਿਆ ਤਾ ਧਨ ਖਾਕੂ ਰਾਲਿ ॥੧॥ ਮਨਿ ਬੈਰਾਗੁ ਭਇਆ ਦਰਸਨੁ ਦੇਖਣੈ ਕਾ ਚਾਉ ॥ ਧੰਨੁ ਸੁ ਤੇਰਾ ਥਾਨੁ ॥੧॥ ਰਹਾਉ ॥ ਜਿਚਰੁ ਵਸਿਆ ਕੰਤੁ ਘਰਿ ਜੀਉ ਜੀਉ ਸਭਿ ਕਹਾਤਿ ॥ ਜਾ ਉਠੀ ਚਲਸੀ ਕੰਤੜਾ ਤਾ ਕੋਇ ਨ ਪੁਛੈ ਤੇਰੀ ਬਾਤ ॥੨ ॥ ਪੇਈਅੜੈ ਸਹੁ ਸੇਵਿ ਤੂੰ ਸਾਹੁਰੜੈ ਸੁਖਿ ਵਸੁ ॥ ਗੁਰ ਮਿਲਿ ਚਜੁ ਅਚਾਰੁ ਸਿਖੁ ਤੁਧੁ ਕਦੇ ਨ ਲਗੈ ਦੁਖੁ ॥੩ ॥ ਸਭਨਾ ਸਾਹੁਰੈ ਵੰਞਣਾ ਸਭਿ ਮੁਕਲਾਵਣਹਾਰ ॥ ਨਾਨਕ ਧੰਨੁ ਸੋਹਾਗਣੀ ਜਿਨ ਸਹ ਨਾਲਿ ਪਿਆਰੁ ॥੪॥੨੩॥੯੩॥ {ਪੰਨਾ 50}**

ਪਦਅਰਥ:- ਤਿਚਰੁ—ਉਤਨਾ ਚਿਰ। ਵਸਹਿ—ਤੂੰ ਵੱਸੇਂਗੀ। ਸੁਹੇਲੜੀ—ਸੌਖੀ। ਸਾਥੀ—(ਜੀਵਾਤਮਾ-) ਸਾਥੀ। ਜਾ—ਜਦੋਂ। ਧਨ—ਹੇ ਧਨ! ਹੇ ਕਾਇਆਂ! ਖਾਕੂ ਰਾਲਿ—ਮਿੱਟੀ ਵਿਚ ਰਲ ਗਈ।1।

ਮਨਿ—ਮਨ ਵਿਚ। ਬੈਰਾਗੁ—ਪ੍ਰੇਮ। ਧੰਨੁ—ਭਾਗਾਂ ਵਾਲਾ। ਸੁ—ਉਹ (ਸਰੀਰ)। ਥਾਨੁ—ਨਿਵਾਸ।1। ਰਹਾਉ।

ਘਰਿ—ਘਰ ਵਿਚ। ਕੰਤੁ—ਖਸਮ, ਜੀਵਾਤਮਾ। ਜੀਉ ਜੀਉ—ਜੀ ਜੀ, ਆਦਰ ਦੇ ਬਚਨ। ਉਠੀ—ਉਠਿ, ਉੱਠ ਕੇ। ਚਲਸੀ—ਚਲਾ ਜਾਇਗਾ। ਕੰਤੜਾ—ਵਿਚਾਰਾ ਕੰਤ, ਵਿਚਾਰਾ ਜੀਵਾਤਮਾ।2।

ਪੇਈਅੜੈ—ਪੇਕੇ ਘਰ ਵਿਚ, ਇਸ ਲੋਕ ਵਿਚ। ਸਹੁ—ਖਸਮ, ਸ਼ਹੁ। ਸੇਵਿ—ਸਿਮਰ। ਸਾਹੁਰੜੈ—ਸਹੁਰੇ ਘਰ ਵਿਚ, ਪਰਲੋਕ ਵਿਚ। ਸੁਖਿ—ਸੁਖ ਨਾਲ। ਗੁਰ ਮਿਲਿ—ਗੁਰੂ ਨੂੰ ਮਿਲ ਕੇ। ਚਜੁ—ਕੰਮ ਕਰਨ ਦੀ ਜਾਚ, ਜੀਵਨ-ਜਾਚ। ਅਚਾਰੁ—ਚੰਗਾ ਚਲਨ। ਸਿਖੁ—{ਕ੍ਰਿਆ ਹੈ। ਹੁਕਮੀ ਭਵਿੱਖਤ ਮੱਧਮ ਪੁਰਖ, ਇਕ-ਵਚਨ} ਸਿੱਖ।3।

ਵੰਞਣਾ—ਜਾਣਾ। ਸਭਿ—ਸਾਰੀਆਂ ਜੀਵ-ਇਸਤ੍ਰੀਆਂ। ਸਹ ਨਾਲਿ—ਖਸਮ ਦੇ ਨਾਲ {ਨੋਟ:- ਲਫ਼ਜ਼ 'ਸਹੁ' ਅਤੇ 'ਸਹ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ}।4।

ਅਰਥ:- (ਹੇ ਹਰੀ!) ਉਹ ਸਰੀਰ ਭਾਗਾਂ ਵਾਲਾ ਹੈ ਜਿਸ ਵਿਚ ਤੇਰਾ ਨਿਵਾਸ ਹੈ (ਜਿੱਥੇ ਤੈਨੂੰ ਯਾਦ ਕੀਤਾ ਜਾ ਰਿਹਾ ਹੈ)। (ਉਹ ਮਨੁੱਖ ਭਾਗਾਂ ਵਾਲਾ ਹੈ ਜਿਸ ਦੇ) ਮਨ ਵਿਚ ਤੇਰਾ ਪਿਆਰ ਪੈਦਾ ਹੋ ਗਿਆ ਹੈਂ, ਜਿਸ ਦੇ ਮਨ ਵਿਚ ਤੇਰੇ ਦਰਸ਼ਨ ਦੀ ਤਾਂਘ ਪੈਦਾ ਹੋਈ ਹੈ।1। ਰਹਾਉ।

ਹੇ ਕਾਂਇਆਂ! ਤੂੰ ਉਤਨਾ ਚਿਰ ਹੀ ਸੁਖੀ ਵੱਸੇਂਗੀ, ਜਿਤਨਾ ਚਿਰ (ਜੀਵਾਤਮਾ ਤੇਰਾ) ਸਾਥੀ (ਤੇਰੇ) ਨਾਲ ਹੈ। ਜਦੋਂ (ਤੇਰਾ) ਸਾਥੀ (ਜੀਵਾਤਮਾ) ਉੱਠ ਕੇ ਚੱਲ ਪਏਗਾ, ਤਦੋਂ, ਹੇ ਕਾਂਇਆਂ! ਤੂੰ ਮਿੱਟੀ ਵਿਚ ਰਲ ਜਾਇੰਗੀ।1।

ਹੇ ਕਾਂਇਆਂ! ਜਿਤਨਾ ਚਿਰ ਤੇਰਾ ਖਸਮ (ਜੀਵਾਤਮਾ ਤੇਰੇ) ਘਰ ਵਿਚ ਵੱਸਦਾ ਹੈ, ਸਾਰੇ ਲੋਕ ਤੈਨੂੰ 'ਜੀ ਜੀ' ਆਖਦੇ ਹਨ (ਸਾਰੇ ਤੇਰਾ ਆਦਰ ਕਰਦੇ ਹਨ)। ਪਰ ਜਦੋਂ ਨਿਮਾਣਾ ਕੰਤ (ਜੀਵਾਤਮਾ) ਉੱਠ ਕੇ ਤੁਰ ਪਏਗਾ, ਤਦੋਂ ਕੋਈ ਭੀ ਤੇਰੀ ਵਾਤ ਨਹੀਂ ਪੁੱਛਦਾ।2।

(ਹੇ ਜਿੰਦੇ! ਜਿਤਨਾ ਚਿਰ ਤੂੰ) ਪੇਕੇ ਘਰ ਵਿਚ (ਸੰਸਾਰ ਵਿਚ ਹੈਂ, ਉਤਨਾ ਚਿਰ) ਤੂੰ ਖਸਮ-ਪ੍ਰਭੂ ਨੂੰ ਸਿਮਰਦੀ ਰਹੁ, ਸਹੁਰੇ ਘਰ ਵਿਚ (ਪਰਲੋਕ ਵਿਚ ਜਾ ਕੇ) ਤੂੰ ਸੁਖੀ ਵੱਸੇਂਗੀ। (ਹੇ ਜਿੰਦੇ!) ਗੁਰੂ ਨੂੰ ਮਿਲ ਕੇ ਜੀਵਨ-ਜਾਚ ਸਿੱਖ, ਚੰਗਾ ਆਚਰਨ ਬਣਾਣਾ ਸਿੱਖ, ਤੈਨੂੰ ਕਦੇ ਕੋਈ ਦੁੱਖ ਨਹੀਂ ਵਿਆਪੇਗਾ।3।

ਸਭ ਜੀਵ-ਇਸਤ੍ਰੀਆਂ ਨੇ ਸਹੁਰੇ ਘਰ (ਪਰਲੋਕ ਵਿਚ ਆਪੋ ਆਪਣੀ ਵਾਰੀ) ਚਲੇ ਜਾਣਾ ਹੈ, ਸਾਰੀਆਂ ਨੇ ਮੁਕਲਾਵੇ ਜਾਣਾ ਹੈ। ਹੇ ਨਾਨਕ! ਉਹ ਉਹ ਜੀਵ-ਇਸਤ੍ਰੀ ਸੁਹਾਗ-ਭਾਗ ਵਾਲੀ ਹੈ ਜਿਨ੍ਹਾਂ ਦਾ ਖਸਮ-ਪ੍ਰਭੂ ਨਾਲ ਪਿਆਰ (ਬਣ ਗਿਆ) ਹੈ।4। 23। 93।